# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13-10**

**ਮਿਤੀ : 19-06-2025**

ਰਾਜ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਇਜ਼ਰਾਇਲ ਅਤੇ ਈਰਾਨ ਵਿੱਚ ਛਿੜੀ ਜੰਗ ’ਤੇ ਚਿੰਤਾ ਪ੍ਰਗਟਾਉਂਦਿਆ ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਨੂੰ ਅਪੀਲ ਕੀਤੀ ਏ ਕਿ ਉਹ ਆਪਣਾ ਅਸਰ ਰਸੂਖ ਵਰਤ ਕੇ ਈਰਾਨ ਵਿੱਚ ਫਸੇ ਭਾਰਤੀਆਂ ਨੂੰ ਸੁਰੱਖਿਅਤ ਬਾਹਰ ਕੱਢਣ। ਉਨ੍ਹਾਂ ਕਿਹਾ ਕਿ ਜੰਗ ਕਿਸੇ ਮਸਲੇ ਦਾ ਹੱਲ ਨਹੀਂ। ਵਿਵਾਦ ਨੂੰ ਮਿਲ-ਬੈਠ ਕੇ ਹੱਲ ਕੀਤਾ ਜਾ ਸਕਦਾ ਏ। ਸੰਤ ਸੀਚੇਵਾਲ ਨੇ ਦੁਹਰਾਇਆ ਕਿ ਸਮੁੱਚੀ ਦੁਨੀਆਂ ਵਿੱਚ ਸੁੱਖ-ਸ਼ਾਂਤੀ, ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਫਲਸਫੇ ਸਰਬੱਤ ਦੇ ਭਲੇ ਅਨੁਸਾਰ ਹੀ ਆ ਸਕਦੀ ਏ। ਸੰਤ ਸੀਚੇਵਾਲ ਨੇ ਕਿਹਾ ਕਿ ਧਰਤੀ ’ਤੇ ਕਿਸੇ ਵੀ ਮੁਲਕ ਵਿੱਚ ਜਦੋਂ ਜੰਗ ਲੱਗਦੀ ਏ ਤਾਂ ਸਭ ਤੋਂ ਮਾੜਾ ਪ੍ਰਭਾਵ ਮਜ਼ਦੂਰ ਅਤੇ ਮੱਧ ਵਰਗੀ ਲੋਕਾਂ ਉੱਪਰ ਪੈਂਦਾ ਏ।

---

ਪੰਜਾਬ ਵਿੱਚ ਲੁਧਿਆਣਾ ਪੱਛਮੀ ਵਿਧਾਨ ਸਭਾ ਜ਼ਿਮਨੀ ਚੋਣ ਲਈ ਵੋਟਿੰਗ ਜਾਰੀ ਏ। ਚਾਰ ਮੁੱਖ ਪਾਰਟੀਆਂ ਭਾਰਤੀ ਜਨਤਾ ਪਾਰਟੀ, ਕਾਂਗਰਸ, ਸ਼੍ਰੋਮਣੀ ਅਕਾਲੀ ਦਲ ਅਤੇ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਸਮੇਤ ਕੁੱਲ 14 ਉਮੀਦਵਾਰ ਮੈਦਾਨ ਵਿੱਚ ਨੇ। ਵੋਟਿੰਗ ਸ਼ਾਮ 6 ਵਜੇ ਤੱਕ ਜਾਰੀ ਰਹੇਗੀ। ਸ਼ਾਂਤੀਪੂਰਨ ਵੋਟਿੰਗ ਲਈ ਸਾਰੇ ਜ਼ਰੂਰੀ ਪ੍ਰਬੰਧ ਮੁਕੰਮਲ ਕੀਤੇ ਗਏ ਨੇ। ਕੁੱਲ ਇੱਕ ਲੱਖ 75 ਹਜ਼ਾਰ 469 ਵੋਟਰ ਆਪਣੀ ਵੋਟ ਪਾ ਸਕਣਗੇ। ਇਹ ਜ਼ਿਮਨੀ ਚੋਣ ਆਮ ਆਦਮੀ ਪਾਰਟੀ ਦੇ ਵਿਧਾਇਕ ਗੁਰਪ੍ਰੀਤ ਬੱਸੀ ਗੋਗੀ ਦੀ ਮੌਤ ਕਾਰਨ ਕਰਵਾਈ ਜਾ ਰਹੀ ਏ। ਵੋਟਾਂ ਦੀ ਗਿਣਤੀ 23 ਜੂਨ ਨੂੰ ਹੋਵੇਗੀ ।

---

ਮਹਾਰਾਜਾ ਰਣਜੀਤ ਸਿੰਘ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ ਐਸ.ਏ.ਐਸ. ਨਗਰ ਵੱਲੋਂ ਨੈਸ਼ਨਲ ਡਿਫੈਂਸ ਅਕੈਡਮੀ (ਐਨ ਡੀ ਏ) ਅਤੇ ਹੋਰ ਸੇਵਾਵਾਂ ਸਿਖਲਾਈ ਅਕੈਡਮੀਆਂ ਤੋਂ ਗ੍ਰੈਜੂਏਟ ਹੋ ਕੇ ਰੱਖਿਆ ਬਲਾਂ ਵਿੱਚ ਕਮਿਸ਼ਨ ਹਾਸਲ ਕਰਨ ਵਾਲੇ ਆਪਣੇ ਸਾਬਕਾ

ਕੈਡਿਟਾਂ ਦੀਆਂ ਪ੍ਰਾਪਤੀਆਂ ਨੂੰ ਮਾਨਤਾ ਦਿੰਦਿਆਂ ਇੱਕ ਵਿਸ਼ੇਸ਼ ਸਮਾਗਮ ਦੌਰਾਨ ਉਨ੍ਹਾਂ ਨੂੰ ਵੱਕਾਰੀ "ਅਚੀਵਰ ਐਵਾਰਡਜ਼" ਨਾਲ ਸਨਮਾਨਿਤ ਕੀਤਾ ਗਿਆ। ਇਸ ਸਮਾਰੋਹ ਦੀ ਪ੍ਰਧਾਨਗੀ ਸੰਸਥਾ ਦੇ ਸੰਸਥਾਪਕ ਡਾਇਰੈਕਟਰ ਅਤੇ ਗਵਰਨਿੰਗ ਬਾਡੀ ਦੇ ਮੈਂਬਰ ਸੇਵਾਮੁਕਤ ਮੇਜਰ ਜਨਰਲ ਬੀ ਐਸ ਗਰੇਵਾਲ ਨੇ ਕੀਤੀ। ਸਮਾਰੋਹ ਵਿੱਚ ਸੰਸਥਾ ਦੇ 24 ਵਿਸ਼ੇਸ਼ ਸਾਬਕਾ ਕੈਡਿਟਾਂ ਨੇ ਸ਼ਿਰਕਤ ਕੀਤੀ, ਜਿਨ੍ਹਾਂ ਵਿੱਚੋਂ ਅੱਠ ਕੈਡਿਟਾਂ ਨੇ ਹਾਲ ਹੀ ਵਿੱਚ ਮਈ-ਜੂਨ 2025 ‘ਚ ਭਾਰਤੀ ਹਥਿਆਰਬੰਦ ਸੈਨਾਵਾਂ ਵਿੱਚ ਕਮਿਸ਼ਨ ਪ੍ਰਾਪਤ ਕੀਤਾ ਏ।

-----------------------------------------------------

ਸੂਬੇ ਨੂੰ ਮੁੜ ‘ਰੰਗਲਾ ਪੰਜਾਬ’ ਬਣਾਉਣ ਦੇ ਸੁਪਨੇ ਨੂੰ ਸਾਕਾਰ ਕਰਨ ਦੇ ਉਦੇਸ਼ ਨਾਲ, ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕੁਦਰਤੀ ਖੇਤੀ ਅਭਿਆਸਾਂ ਵੱਲ ਮੁੜ ਪਰਤਣ ਦੀ ਮਹੱਤਤਾ ’ਤੇ ਜ਼ੋਰ ਦਿੱਤਾ ਏ। ਸਿਹਤ ਮੰਤਰੀ, ਫੂਡ ਐਂਡ ਡਰੱਗਜ਼ ਐਡਮਿਨਿਸਟਰੇਸ਼ਨ (ਐਫ.ਡੀ.ਏ.) ਪੰਜਾਬ ਵੱਲੋਂ ‘ਵਿਸ਼ਵ ਫੂਡ ਸੇਫਟੀ ਡੇ-2025’ ਮਨਾਉਣ ਲਈ ਇਸ ਸਾਲ ਦੇ ਗਲੋਬਲ ਥੀਮ ‘‘ਫੂਡ ਸੇਫਟੀ

: ਸਾਇੰਸ ਇਨ ਐਕਸ਼ਨ'' ਤਹਿਤ ਕਰਵਾਏ ਗਏ ਸਮਾਗਮ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਪਹਿਲੇ ਸਮਿਆਂ ਵਿੱਚ ਰਸਾਇਣਕ ਕੀਟਨਾਸ਼ਕਾਂ ਅਤੇ ਖਾਦਾਂ ਨੂੰ ਬਿਨਾਂ ਵਰਤਿਆਂ ਫਸਲਾਂ ਦੇ ਵਾਧੇ ਅਤੇ ਪੌਸ਼ਟਿਕ ਭੋਜਨ ਪੈਦਾ ਕਰਨ ਲਈ ਖੇਤਾਂ ਵਿੱਚ ਗੰਡੋਏ ਅਤੇ ਡੱਡੂ ਹੀ ਕੁਦਰਤੀ ਖਾਦ ਵਜੋਂ ਕੰਮ ਕਰਦੇ ਸਨ । ਮਹਾਤਮਾ ਗਾਂਧੀ ਇੰਸਟੀਚਿਊਟ ਆਫ਼ ਪਬਲਿਕ ਐਡਮਿਨਿਸਟਰੇਸ਼ਨ (ਮਗਸੀਪਾ) ਵਿਖੇ ਕਰਵਾਏ ਇਸ ਸਮਾਗਮ ਵਿੱਚ ਮਾਹਿਰਾਂ ਦੀ ਅਗਵਾਈ ਵਾਲੇ ਕਈ ਸੈਸ਼ਨ ਕਰਵਾਏ ਗਏ, ਜਿਸ ਦੌਰਾਨ ਪੰਜਾਬ ਦੇ ਸੰਦਰਭ ਵਿੱਚ ਫੂਡ ਸੇਫਟੀ ਦੇ ਵੱਖ-ਵੱਖ ਪਹਿਲੂਆਂ 'ਤੇ ਚਾਨਣਾ ਪਾਇਆ ਗਿਆ।

--------------------------------------------------------

ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਕਿਸੇ ਵੀ ਸਮਾਜ ਦੀ ਤਰੱਕੀ ਉਸ ਦੇ ਗਰੀਬ, ਬਜ਼ੁਰਗ ਅਤੇ ਨਾਰੀ ਵਰਗ ਦੀ ਸਮਾਜਿਕ ਸੁਰੱਖਿਆ, ਸਿਹਤ ਅਤੇ ਸਿੱਖਿਆ ਉੱਤੇ ਨਿਰਭਰ ਕਰਦੀ ਏ। ਮੰਤਰੀ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀਆਂ

ਸਮਾਜਿਕ ਭਲਾਈ ਸਕੀਮਾਂ ਦਾ ਲਾਭ ਲੋੜਵੰਦ ਲੋਕਾਂ ਤੱਕ ਪਾਰਦਰਸ਼ੀ ਅਤੇ ਸਮੇਂ ਸਿਰ ਪਹੁੰਚਾਇਆ ਜਾਵੇ। ਚੰਡੀਗੜ੍ਹ ਸਥਿਤ ਕਿਸਾਨ ਭਵਨ ਵਿਖੇ ਵਿਭਾਗੀ ਅਧਿਕਾਰੀਆਂ ਨਾਲ ਵਿਸਤ੍ਰਿਤ ਸਮੀਖਿਆ ਮੀਟਿੰਗ ਦੌਰਾਨ ਡਾ. ਬਲਜੀਤ ਕੌਰ ਨੇ ਆਂਗਨਵਾੜੀ ਸੈਂਟਰਾਂ, 'ਅਰਲੀ ਚਾਇਲਡਹੁੱਡ ਕੇਅਰ ਐਂਡ ਐਜੂਕੇਸ਼ਨ', ਮਿਸ਼ਨ ਵਾਤਸਲੱਯਾ ਤਹਿਤ ਚਲ ਰਹੀ ਬਾਲ ਭਿੱਖਿਆ ਮੁਕਤੀ ਮੁਹਿੰਮ, ਪੋਸ਼ਣ ਟ੍ਰੈਕਰ ਕੰਮ, ਪ੍ਰਧਾਨ ਮੰਤਰੀ ਮਾਤਰੂ ਵੰਧਨਾ ਯੋਜਨਾ ਸਕੀਮ, ਬੇਟੀ ਬਚਾਓ-ਬੇਟੀ ਪੜ੍ਹਾਓ ਮੁਹਿੰਮ, ਆਂਗਨਵਾੜੀ ਵਰਕਰਾਂ ਅਤੇ ਹੈਲਪਰਾਂ ਦੀਆਂ ਖਾਲੀ ਅਸਾਮੀਆਂ ਅਤੇ ਮਗਨਰੇਗਾ ਹੇਠ ਆਂਗਨਵਾੜੀ ਬਿਲਡਿੰਗਾਂ ਦੀ ਉਸਾਰੀ ਸਬੰਧੀ, ਟਾਇਲਟਾਂ ਦੀ ਉਸਾਰੀ ਸਬੰਧੀ ਵੱਖ-ਵੱਖ ਮੁੱਦਿਆਂ ਉੱਤੇ ਵਿਸਥਾਰਪੂਰਵਕ ਵਿਚਾਰ- ਚਰਚਾ ਕਰਦਿਆਂ ਅਧਿਕਾਰੀਆਂ ਨੂੰ ਕਿਹਾ ਕਿ ਰਹਿੰਦੇ ਕੰਮ ਜਲਦੀ ਤੋਂ ਜਲਦੀ ਮੁਕੰਮਲ ਕੀਤੇ ਜਾਣ।

---------------------------------------------------------

ਫਾਜ਼ਿਲਕਾ ਦੇ ਐਸ.ਐਸ.ਪੀ. ਗੁਰਮੀਤ ਸਿੰਘ ਦੀ ਅਗਵਾਈ ਹੇਠ ਫਾਜ਼ਿਲਕਾ ਪੁਲਿਸ ਵੱਲੋਂ ਨਸ਼ਾ ਤਸਕਰਾਂ ਦੇ ਖਿਲਾਫ ਵਿਸ਼ੇਸ਼ ਮੁਹਿੰਮ

ਤਹਿਤ ਨਸ਼ਾ ਤਸਕਰ ਜੋਗਿੰਦਰ ਸਿੰਘ ਵਾਸੀ ਅਰਨੀਵਾਲਾ ਵੱਲੋਂ ਕੀਤੀ ਨਾਜਾਇਜ਼ ਉਸਾਰੀ ਨੂੰ ਢਾਹਿਆ ਗਿਆ ਏ। ਇਹ ਉਸਾਰੀ ਪੰਚਾਇਤੀ ਜਗ੍ਹਾ ਤੇ ਨਾਜਾਇਜ਼ ਤੌਰ ਤੇ ਕੀਤੀ ਹੋਈ ਸੀ।

----------------------------------------------------

ਪੰਜਾਬ ਨੇ ਨਾਗਰਿਕਾਂ ਨੂੰ ਤੈਅ ਸਮੇਂ ਦੇ ਅੰਦਰ 99.98 ਫੀਸਦ ਜ਼ਰੂਰੀ ਸੇਵਾਵਾਂ ਸਫ਼ਲਤਾਪੂਰਵਕ ਪ੍ਰਦਾਨ ਕਰ ਕੇ ਲੋਕ-ਪੱਖੀ ਪ੍ਰਸ਼ਾਸਨ ਦੀ ਦਿਸ਼ਾ ਵਿੱਚ ਇੱਕ ਅਹਿਮ ਮੀਲ ਪੱਥਰ ਹਾਸਲ ਕੀਤਾ ਏ ਜਿਸ ਨਾਲ ਪੰਜਾਬ ਦੇਸ਼ ਭਰ ਵਿੱਚ ਸੇਵਾ ਪ੍ਰਦਾਨ ਕਰਨ ਵਿੱਚ ਸਭ ਤੋਂ ਘੱਟ ਪੈਂਡੈਂਸੀ ਵਾਲਾ ਸੂਬਾ ਬਣ ਗਿਆ ਏ। ਇਹ ਪ੍ਰਗਟਾਵਾ ਸੂਬੇ ਦੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਵਿਭਾਗ ਦੇ ਸੀਨੀਅਰ ਅਧਿਕਾਰੀਆਂ ਅਤੇ ਡਿਪਟੀ ਕਮਿਸ਼ਨਰਾਂ ਨਾਲ ਸਮੀਖਿਆ ਮੀਟਿੰਗ ਮਗਰੋਂ ਮੀਡੀਆ ਨਾਲ ਗੱਲਬਾਤ ਕਰਦਿਆਂ ਕੀਤਾ। ਸ੍ਰੀ ਅਮਨ ਅਰੋੜਾ ਨੇ ਦੱਸਿਆ ਕਿ 18 ਜੂਨ, 2024 ਤੋਂ 17 ਜੂਨ, 2025 ਦੇ ਇੱਕ ਸਾਲ ਦੇ ਅਰਸੇ ਦਰਮਿਆਨ 48.85 ਲੱਖ ਤੋਂ ਵੱਧ ਨਾਗਰਿਕਾਂ ਨੇ ਵੱਖ-ਵੱਖ ਲੋਕ-ਪੱਖੀ ਸੇਵਾਵਾਂ ਦਾ ਲਾਭ ਲਿਆ ਏ। 99.88 ਫ਼ੀਸਦੀ ਸੇਵਾਵਾਂ ਨਿਰਧਾਰਤ ਸਮਾਂ-ਸੀਮਾ ਅੰਦਰ ਪ੍ਰਦਾਨ

ਕੀਤੀਆਂ ਗਈਆਂ ਨੇ ਅਤੇ ਮਹਿਜ਼ 5 ਹਜ਼ਾਰ 868 ਸੇਵਾਵਾਂ ਯਾਨੀ 0.12 ਫ਼ੀਸਦੀ ਦੀ ਡਲੀਵਰੀ ਵਿੱਚ ਨਿਰਧਾਰਤ ਸਮਾਂ-ਸੀਮਾ ਤੋਂ ਵੱਧ ਸਮਾਂ ਲੱਗਾ ਏ। ਮੰਤਰੀ ਨੇ ਦੱਸਿਆ ਕਿ ਸਰਕਾਰ ਵੱਲੋਂ ਜ਼ੀਰੋ ਪੈਂਡੈਂਸੀ ਵਾਲੇ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਸਨਮਾਨਿਤ ਕਰਨ 'ਤੇ ਵਿਚਾਰ ਕੀਤਾ ਜਾ ਰਿਹਾ ਏ ਜਦੋਂ ਕਿ ਸਾਰੇ ਡਿਪਟੀ ਕਮਿਸ਼ਨਰਾਂ ਨੂੰ ਵਾਰ-ਵਾਰ ਦੇਰੀ ਕਰਨ ਵਾਲਿਆਂ ਅਤੇ ਬੇਲੋੜੇ ਇਤਰਾਜ਼ ਲਾਉਣ ਵਾਲੇ ਅਧਿਕਾਰੀਆਂ ਤੇ ਕਰਮਚਾਰੀਆਂ ਵਿਰੁੱਧ ਸਖ਼ਤ ਕਾਰਵਾਈ ਕਰਨ ਦੇ ਨਿਰਦੇਸ਼ ਵੀ ਦਿੱਤੇ ਗਏ ਨੇ।

-----------------------------------------------------

ਚੋਣ ਸੂਚੀ ਵਿੱਚ ਨਵੇਂ ਵੋਟਰਾਂ ਦੇ ਨਾਂ ਦਰਜ ਕਰਨ ਜਾਂ ਮੌਜੂਦਾ ਵੋਟਰਾਂ ਦੀ ਜਾਣਕਾਰੀ 'ਚ ਕੋਈ ਤਬਦੀਲੀ ਹੋਣ ਦੀ ਸਥਿਤੀ ਵਿੱਚ ਵੋਟਰ ਫੋਟੋ ਪਛਾਣ ਪੱਤਰਾਂ ਦੀ ਤੇਜ਼ ਡਲਿਵਰੀ ਨੂੰ ਯਕੀਨੀ ਬਣਾਉਣ ਲਈ ਭਾਰਤੀ ਚੋਣ ਕਮਿਸ਼ਨ ਨੇ ਇੱਕ ਨਵੀਂ ਸਟੈਂਡਰਡ ਓਪਰੇਟਿੰਗ ਪ੍ਰਕਿਰਿਆ ਲਾਗੂ ਕੀਤੀ ਏ। ਇਸ ਤਹਿਤ ਵੋਟਰ ਫੋਟੋ ਪਛਾਣ ਪੱਤਰ 15 ਦਿਨਾਂ ਦੇ ਅੰਦਰ ਜਾਰੀ ਕੀਤਾ ਜਾਵੇਗਾ। ਇਹ ਪਹਿਲਕਦਮੀ ਮੁੱਖ ਚੋਣ ਕਮਿਸ਼ਨਰ

ਗਿਆਨੇਸ਼ ਕੁਮਾਰ, ਚੋਣ ਕਮਿਸ਼ਨਰ ਡਾ. ਸੁਖਬੀਰ ਸਿੰਘ ਸੰਧੂ ਅਤੇ ਡਾ. ਵਿਵੇਕ ਜੋਸ਼ੀ ਵੱਲੋਂ ਵੋਟਰਾਂ ਦੀ ਸਹੂਲਤਾਂ ਲਈ ਕੀਤੇ ਜਾ ਰਹੇ ਵੱਖ-ਵੱਖ ਉਪਾਵਾਂ ਦੇ ਹਿੱਸੇ ਵਜੋਂ ਸ਼ੁਰੂ ਕੀਤੀ ਗਈ ਏ। ਇਹ ਨਵੀਂ ਪ੍ਰਣਾਲੀ ਵੋਟਰ ਫੋਟੋ ਪਛਾਣ ਪੱਤਰ ਬਣਨ ਤੋਂ ਲੈ ਕੇ ਡਾਕ ਰਾਹੀਂ ਵੋਟਰ ਨੂੰ ਡਲੀਵਰੀ ਹੋਣ ਤੱਕ ਹਰੇਕ ਪੜਾਅ ਦੀ ਰੀਅਲ ਟਾਇਮ ਟਰੈਕਿੰਗ ਨੂੰ ਯਕੀਨੀ ਬਣਾਵੇਗੀ। ਵੋਟਰਾਂ ਨੂੰ ਹਰ ਪੜਾਅ ’ਤੇ ਐੱਸਐੱਮਐੱਸ ਰਾਹੀਂ ਸੂਚਨਾਵਾਂ ਵੀ ਪ੍ਰਾਪਤ ਹੋਣਗੀਆਂ, ਜਿਸ ਨਾਲ ਉਨ੍ਹਾਂ ਨੂੰ ਉਨ੍ਹਾਂ ਦੇ ਵੋਟਰ ਫੋਟੋ ਪਹਿਚਾਣ ਪੱਤਰ ਦੀ ਸਥਿਤੀ ਬਾਰੇ ਜਾਣਕਾਰੀ ਮਿਲੇਗੀ। ਇਸ ਉਦੇਸ਼ ਲਈ ਚੋਣ ਕਮਿਸ਼ਨ ਨੇ ਆਪਣੇ ਹਾਲ ਹੀ ਵਿੱਚ ਲਾਂਚ ਕੀਤੇ ਗਏ ਈਸੀਆਈ ਨੈੱਟ ਪਲੇਟਫਾਰਮ ’ਤੇ ਇੱਕ ਖਾਸ ਆਈਟੀ ਮਾਡਿਊਲ ਤਿਆਰ ਕੀਤਾ ਏ।

---------------------------------------------------------------

‘ਸੀ.ਐਮ.ਦੀ ਯੋਗਸ਼ਾਲਾ’ ਤਹਿਤ ਅੱਜ ਜਲੰਧਰ ਦੇ ਪੀ.ਏ.ਪੀ. ਦੇ ਮੈਦਾਨ ਵਿਚ ਰਾਜ ਪੱਧਰੀ ‘ਪੰਜਾਬ ਯੋਗ ਸਮਾਗਮ-2025’ ਕਰਵਾਇਆ ਗਿਆ। ਇਸ ਦੌਰਾਨ 21 ਹਜ਼ਾਰ ਤੋਂ ਵੱਧ ਯੋਗ ਪ੍ਰੇਮੀਆਂ ਨੇ ਯੋਗਸ਼ਾਲਾ

ਵਿੱਚ ਹਿੱਸਾ ਲਿਆ । ਇਸ ਮੌਕੇ ਸਿਹਤਮੰਦ ਅਤੇ ਰੰਗਲੇ ਪੰਜਾਬ ਦੀ ਸਿਰਜਣਾ ਲਈ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਲੋਕਾਂ ਨੂੰ ਯੋਗ ਨੂੰ ਆਪਣੇ ਰੋਜ਼ਾਨਾ ਦੇ ਜੀਵਨ ਦਾ ਅਨਿੱਖੜਵਾਂ ਅੰਗ ਬਣਾਉਣ ਦਾ ਸੱਦਾ ਦਿੱਤਾ। ਸਿਹਤ ਮੰਤਰੀ ਨੇ ਕਿਹਾ ਕਿ ਇਸ ਵਿਸ਼ਾਲ ਸਮਾਗਮ ਵਿੱਚ ਹਰ ਵਰਗ ਦੇ ਲੋਕਾਂ ਨੂੰ ਉਤਸ਼ਾਹ ਨਾਲ ਹਿੱਸਾ ਲੈਂਦੇ ਦੇਖਣਾ ਬਹੁਤ ਖੁਸ਼ੀ ਦੀ ਗੱਲ ਏ।ਇਸ ਦੌਰਾਨ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਅਤੇ ਪੁਲਿਸ ਕਮਿਸ਼ਨਰ ਧਨਪ੍ਰੀਤ ਕੌਰ ਨੇ ਕਿਹਾ ਕਿ ਉਨ੍ਹਾਂ ਨੂੰ ਸੀ.ਐਮ. ਦੀ ਯੋਗਸ਼ਾਲਾ ਰਾਹੀਂ ਹਜ਼ਾਰਾਂ ਲੋਕਾਂ ਨੂੰ ਸਰਕਾਰ ਨਾਲ ਜੁੜਦੇ ਦੇਖ ਕੇ ਬਹੁਤ ਖੁਸ਼ੀ ਹੋਈ ਏ। ਉਨ੍ਹਾਂ ਕਿਹਾ ਕਿ ਇਹ ਪਹਿਲ ਦੋ ਸਾਲ ਪਹਿਲਾਂ ਜਲੰਧਰ ਤੋਂ ਸ਼ੁਰੂ ਕੀਤੀ ਗਈ ਸੀ ਅਤੇ ਮੌਜੂਦਾ ਸਮੇਂ ਸੂਬੇ ਭਰ ਵਿੱਚ ਰੋਜ਼ਾਨਾ ਲਗਭਗ 3 ਹਜ਼ਾਰ 200 ਯੋਗ ਕਲਾਸਾਂ ਲਾਈਆਂ ਜਾਂਦੀਆਂ ਨੇ, ਜਿਨ੍ਹਾਂ ਰਾਹੀਂ ਕਰੀਬ ਇੱਕ ਲੱਖ ਲੋਕ ਲਾਭ ਪ੍ਰਾਪਤ ਕਰ ਰਹੇ ਨੇ।